# ਪੰਜਾਬ ਸਟੇਟ ਮਿਡ ਡੇ ਮੀਲ ਸੋਸਾਇਟੀ

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਪੰਜਵੀਂ ਮੰਜਿਲ, ਜਿਲ੍ਹਾ ਐਸਏ.ਐਸ. ਨਗਰ (ਮੋਹਾਲੀ).

ਫੋਨ ਨੰ :0172-5212307,2210019

E-mail-id-mdmpunjab@punjabeducation.gov.in

ਵੱਲ,

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.)
ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ.)
ਪੰਜਾਬ।

ਮੀਮੋ ਨੰ.ਐਮ.ਡੀ.ਐਮ.ਐਸ./ਜੀ.ਐਮ./2024/ 150370
ਮਿਤੀ 26 /06/2024

**ਵਿਸ਼ਾ:-** **ਗਰਮੀਆਂ ਦੀਆਂ ਛੁੱਟੀਆਂ ਖਤਮ ਹੋਣ ਤੋਂ ਪਹਿਲਾਂ ਕਿਚਨ ਕਮ ਸਟੋਰ ਅਤੇ ਮਿਡ ਡੇ ਮੀਲ ਬਣਾਉਣ ਵਿੱਚ ਵਰਤਣਯੋਗ ਸਮੱਗਰੀ ਦੀ ਸਾਫ-ਸਫਾਈ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਆਪ ਨੂੰ ਲਿਖਿਆ ਜਾਂਦਾ ਹੈ ਕਿ ਗਰਮੀਆਂ ਦੀਆਂ ਛੁੱਟੀਆਂ ਖਤਮ ਹੋਣ ਤੋਂ ਇੱਕ ਦਿਨ ਪਹਿਲਾਂ ਮਿਡ ਡੇ ਮੀਲ ਇੰਚਾਰਜ ਦੀ ਨਿਗਰਾਨੀ ਹੇਠ ਕੁੱਕ ਕਮ ਹੈਲਪਰਾਂ ਦੁਆਰਾ ਕਿਚਨ ਕਮ ਸਟੋਰ ਅਤੇ ਮਿਡ ਡੇ ਮੀਲ ਬਣਾਉਣ ਵਿੱਚ ਵਰਤਣਯੋਗ ਸਮੱਗਰੀ ਦੀ ਸਾਫ-ਸਫਾਈ ਸਬੰਧੀ ਹੇਠ ਲਿਖੀਆਂ ਹਦਾਇਤਾਂ ਵਰਤੀਆਂ ਜਾਣ:-

- ਛੁੱਟੀਆਂ ਖਤਮ ਹੋਣ ਤੋਂ ਇੱਕ ਦਿਨ ਪਹਿਲਾਂ ਕੁੱਕ ਕਮ ਹੈਲਪਰਾਂ ਦੁਆਰਾ ਕਿਚਨ ਕਮ ਸਟੋਰ ਅਤੇ ਬਰਤਨਾਂ ਦੀ ਚੰਗੀ ਤਰ੍ਹਾਂ ਸਫਾਈ ਕਰਵਾਈ ਜਾਵੇ।
- ਰਾਸ਼ਨ ਅਤੇ ਅਨਾਜ ਦੀ ਚੰਗੀ ਤਰ੍ਹਾਂ ਜਾਂਚ ਕਰਵਾਈ ਜਾਵੇ ਤਾਂ ਜੋ ਸਕੂਲ ਖੁਲਣ ਉਪਰੰਤ ਸਕੂਲੀ ਬੱਚਿਆਂ ਨੂੰ ਮਿਡ ਡੇ ਮੀਲ ਦੇਣ ਵਿੱਚ ਕਿਸੇ ਵੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।
- ਆਟਾ ਪਿਸਵਾਉਣ ਤੋਂ ਪਹਿਲਾਂ ਕਣਕ ਨੂੰ ਚੰਗੀ ਤਰ੍ਹਾਂ ਧੁੱਪ ਲੁਆਈ ਜਾਵੇ।
- ਰਸੋਈ ਵਿੱਚ ਕਿਸੇ ਤਰ੍ਹਾਂ ਦੇ ਜਾਲੇ ਆਦਿ ਨਹੀਂ ਹੋਣੇ ਚਾਹੀਦੇ, ਰਸੋਈ ਵਿੱਚ ਵਰਤਣਯੋਗ ਪਾਣੀ ਜੇਕਰ ਟੈਂਕੀ ਰਾਹੀਂ ਆ ਰਿਹਾ ਹੈ ਤਾਂ ਉਸ ਟੈਂਕੀ ਦੀ ਚੰਗੀ ਤਰ੍ਹਾਂ ਸਾਫ-ਸਫਾਈ ਕੀਤੀ ਜਾਵੇ।
- ਅੱਗ ਬੁਝਾਉ ਯੰਤਰ ਰਿਫਿਲ ਹੋਇਆ ਹੋਣਾ ਚਾਹੀਦਾ ਹੈ, ਇਸਦੀ ਮਿਆਦ ਖਤਮ ਤਾਂ ਨਹੀਂ ਹੋਈ ਇਸਦੀ ਜਾਂਚ ਕਰਵਾਈ ਜਾਵੇ।

ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਜਨਰਲ ਮੈਨੇਜਰ

ਪਿ.ਅੰ.ਨੰ. ਐਮ.ਡੀ.ਐਮ.ਐਸ./ਜੀ.ਐਮ./2024/ 150371 ਮਿਤੀ 26/06/2024

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:-

1) ਸਮੂਹ ਉੱਪ ਜਿਲ੍ਹਾ ਸਿੱਖਿਆ ਅਫਸਰ (ਐ.ਸਿ.)
2) ਸਮੂਹ ਸਹਾਇਕ ਬਲਾਕ ਮੈਨੇਜਰ, ਮਿਡ ਡੇ ਮੀਲ,

ਜਨਰਲ ਮੈਨੇਜਰ